ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 13 ਦਸੰਬਰ 2025 ਦਿਨ ਸ਼ਨੀਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਜ਼ਿਲ੍ਹਾ ਮੈਜਿਸਟ੍ਰੇਟ ਨੇ 14 ਦਸੰਬਰ ਨੂੰ ਪੇਡ ਹੋਲੀਡੇ ਐਲਾਨਿਆਂ

ਵਰਲਡ ਪੰਜਾਬੀ ਟਾਈਮਜ਼
ਟਿੱਕੂ ਕੁਮਾਰ

ਕੋਟਕਪੂਰਾ, 13 ਦਸੰਬਰ : ਰਾਜ ਚੋਣ ਕਮਿਸ਼ਨਰ, ਪੰਜਾਬ ਵੱਲੋਂ ਰਾਜ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ-2025 ਦੀਆਂ ਚੋਣਾਂ ਮਿਤੀ 14.12.2025 ਨੂੰ ਹੋਈਆਂ ਨਿਸ਼ਚਿਤ ਹੋਈਆਂ ਹਨ। ਇਸ ਦਿਨ ਹਰੇਕ ਵੋਟਰ ਆਪਣੇ ਵੋਟ ਹੱਕ ਦਾ ਇਸਤੇਮਾਲ ਨਿਰਵਿਘਨ ਕਰ ਸਕੇ, ਇਸ ਮੰਤਵ ਲਈ ਜਿਲ੍ਹੇ ਦੇ ਸਮੂਹ ਸਰਕਾਰੀ/ਗੈਰ ਸਰਕਾਰੀ ਦਫਤਰਾਂ, ਬੈਂਕਾਂ, ਅਦਾਰਿਆਂ, ਫੈਕਟਰੀਆਂ, ਦੁਕਾਨਾਂ ਆਦਿ ਵਿੱਚ ਪੇਡ ਹੋਲੀਡੇ ਕੀਤੀ ਜਾਣੀ ਜ਼ਰੂਰੀ ਹੈ। ਇਸ ਬਾਰੇ 'ਦਾ ਰੀਪ੍ਰਜੈਂਟੇਸ਼ਨ ਆਫ ਪੀਪਲ ਐਕਟ, 1951' ਦੀ ਧਾਰਾ 135 ਬੀ ਵਿੱਚ ਕਾਨੂੰਨੀ ਵਿਵਸਥਾ ਕੀਤੀ ਗਈ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਕਿਸੇ ਵੀ ਕਾਰੋਬਾਰ, ਵਪਾਰ, ਉਦਯੋਗਿਕ ਜਾਂ ਕਿਸੇ ਹੋਰ ਸੰਸਥਾ ਵਿੱਚ ਕੰਮ ਕਰਨ ਵਾਲੇ ਅਤੇ ਲੋਕ ਸਭਾ ਜਾਂ ਰਾਜ ਦੇ ਵਿਧਾਨ ਸਭਾ ਦੀ ਚੋਣ ਵਿੱਚ ਵੋਟ ਪਾਉਣ ਦੇ ਹੱਕਦਾਰ ਹਰੇਕ ਵਿਅਕਤੀ ਨੂੰ, ਵੋਟਾਂ ਵਾਲੇ ਦਿਨ ਛੁੱਟੀ ਦਿੱਤੀ ਜਾਵੇਗੀ। ਉਪ-ਧਾਰਾ (1) ਦੇ ਅਨੁਸਾਰ ਦਿੱਤੀ ਗਈ ਛੁੱਟੀ ਦੇ ਕਾਰਨ ਕਿਸੇ ਵੀ ਅਜਿਹੇ ਵਿਅਕਤੀ ਦੀ ਤਨਖਾਹ ਵਿੱਚ ਕੋਈ ਕਟੌਤੀ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਅਜਿਹਾ ਵਿਅਕਤੀ ਇਸ ਆਧਾਰ 'ਤੇ ਕੰਮ ਕਰਦਾ ਹੈ ਕਿ ਉਹ ਆਮ ਤੌਰ 'ਤੇ ਅਜਿਹੇ ਦਿਨ ਲਈ ਤਨਖਾਹ ਪ੍ਰਾਪਤ ਨਹੀਂ ਕਰੇਗਾ, ਤਾਂ ਵੀ ਉਸਨੂੰ ਉਸ ਦਿਨ ਲਈ ਉਹ ਤਨਖਾਹ ਦਿੱਤੀ ਜਾਵੇਗੀ ਜੋ ਉਸਨੂੰ ਉਸ ਦਿਨ ਛੁੱਟੀ ਨਾ ਦਿੱਤੀ ਗਈ ਹੁੰਦੀ। ਜੇਕਰ ਕੋਈ ਮਾਲਕ ਉਪ-ਧਾਰਾ (1) ਜਾਂ ਉਪ-ਧਾਰਾ (2) ਦੇ ਉਪਬੰਧਾਂ ਦੀ ਉਲੰਘਣਾ ਕਰਦਾ ਹੈ, ਤਾਂ ਅਜਿਹੇ ਮਾਲਕ ਨੂੰ ਜੁਰਮਾਨਾ ਲਗਾਇਆ ਜਾ ਸਕਦਾ ਹੈ, ਜੋ ਕਿ 500 ਰੁਪਏ ਤੱਕ ਹੋ ਸਕਦਾ ਹੈ। ਇਹ ਧਾਰਾ ਕਿਸੇ ਵੀ ਵੋਟਰ 'ਤੇ ਲਾਗੂ ਨਹੀਂ ਹੋਵੇਗੀ ਜਿਸਦੀ ਗੈਰਹਾਜ਼ਰੀ ਉਸ ਰੁਜ਼ਗਾਰ ਦੇ ਸਬੰਧ ਵਿੱਚ ਖ਼ਤਰਾ ਜਾਂ ਮਹੱਤਵਪੂਰਨ ਨੁਕਸਾਨ ਦਾ ਕਾਰਨ ਬਣ ਸਕਦੀ ਹੈ ਜਿਸ ਵਿੱਚ ਉਹ ਲੱਗਾ ਹੋਇਆ ਹੈ। ਜ਼ਿਲ੍ਹਾ ਮੈਜਿਸਟਰੇਟ ਫਰੀਦਕੋਟ ਮੈਡਮ ਪੂਨਮਦੀਪ ਕੌਰ ਨੇ 'ਦਾ ਰੀਪ੍ਰਜੈਂਟੇਸ਼ਨ ਆਫ ਪੀਪਲ ਐਕਟ' ,1951 ਦੀ ਧਾਰਾ135 ਬੀ, 'ਦਾ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਐਕਟ' 1958 (ਪੰਜਾਬ ਐਕਟ ਨੰ. 15 ਆਫ 1958) ਅਤੇ ਫੈਕਟਰੀਜ਼ ਐਕਟ 1948 ਵਿੱਚ ਕੀਤੀ ਗਈ ਕਾਨੂੰਨੀ ਵਿਵਸਥਾ ਨੂੰ ਧਿਆਨ ਵਿੱਚ ਰੱਖਦੇ ਹੋਏ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਦੀ ਧਾਰਾ 25 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲ੍ਹਾ ਫ਼ਰੀਦਕੋਟ ਦੇ ਸਮੂਹ ਸਰਕਾਰੀ/ਗੈਰ ਸਰਕਾਰੀ ਦਫਤਰਾਂ, ਬੈਂਕਾਂ, ਅਦਾਰਿਆਂ, ਫੈਕਟਰੀਆਂ, ਦੁਕਾਨਾਂ ਆਦਿ ਵਿੱਚ ਮਿਤੀ 14-12-2025 ਨੂੰ ਪੇਡ ਹੋਲੀਡੇ ਘੋਸ਼ਿਤ ਕੀਤੀ ਜਾਂਦੀ ਹੈ।

ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਤਹਿਤ ਨਵੇਂ ਉਸਾਰੀ ਦੇ ਚੱਲ ਰਹੇ ਕੰਮ 'ਤੇ ਮਜ਼ਦੂਰਾਂ ਨੂੰ ਡੇਂਗੂ ਬਾਰੇ ਕੀਤਾ ਜਾਗਰੂਕ

ਡੇਂਗੂ ਮੱਛਰ ਦੀ ਪੈਦਾਇਸ਼ ਨੂੰ ਰੋਕਣ ਲਈ, ਹਫਤੇ 'ਚ ਇੱਕ ਵਾਰ ਪਾਣੀ ਬਦਲਣਾ ਅਤਿ ਜ਼ਰੂਰੀ : ਬਰਾੜ

ਵਰਲਡ ਪੰਜਾਬੀ ਟਾਈਮਜ਼
ਟਿੱਕੂ ਕੁਮਾਰ

ਕੋਟਕਪੂਰਾ, 13 ਦਸੰਬਰ : ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸਿਵਲ ਸਰਜਨ ਫ਼ਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਹਿਮਾਂਸ਼ੂ ਗੁਪਤਾ ਤੇ ਡਾ. ਅਰਸ਼ਦੀਪ ਸਿੰਘ ਬਰਾੜ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਪੀ. ਐਚ. ਸੀ. ਜੰਡ ਸਾਹਿਬ ਦੀ ਯੋਗ ਅਗਵਾਈ ਵਿੱਚ ਨਵੇਂ ਬਣ ਰਹੇ ਵਿਦਿਆ ਭਾਰਤੀ ਸੀਨੀਅਰ ਸਕੈਂਡਰੀ ਸਕੂਲ ਪਿੰਡ ਮਚਾਕੀ ਕਲਾਂ ਵਿਖੇ ਬਿਲਡਿੰਗ ਦੀ ਉਸਾਰੀ ਦੇ ਚੱਲ ਰਹੇ ਕੰਮਾਂ ਤੇ ਮਜ਼ਦੂਰਾਂ ਨੂੰ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਤਹਿਤ ਡੇਂਗੂ ਮੱਛਰ ਬਾਰੇ ਵਿਸਥਾਰ ਨਾਲ ਜਾਣਕਾਰੀ ਦੇ ਕੇ ਜਾਗਰੂਕ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਅਰਸ਼ਦੀਪ ਸਿੰਘ ਬਰਾੜ ਨੇ ਦੱਸਿਆ ਕਿ ਸਾਨੂੰ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਤਹਿਤ ਹਰ ਹਫ਼ਤੇ ਕੂਲਰਾਂ, ਗਮਲਿਆਂ, ਪੰਛੀਆਂ ਦੇ ਪੀਣ ਵਾਲੇ ਪਾਣੀ ਵਾਲੇ ਕਟੋਰੇ ਆਦਿ, ਫਰਿਜ਼ ਦੀ ਟਰੇਅ ਆਦਿ ਦਾ ਪਾਣੀ ਸੁੱਖਾ ਦੇਣਾ ਚਾਹੀਦਾ ਹੈ ਅਤੇ ਖੁੱਲ੍ਹੇ ਏਰੀਏ ਵਿੱਚ ਪਏ ਭਾਂਡੇ/ਟੈਂਕੀਆਂ ਆਦਿ ਨੂੰ ਮੂਧਾ ਮਾਰ ਦੇਣਾ ਚਾਹੀਦਾ ਹੈ, ਘਰ ਵਿੱਚ ਪਿਆ ਫਾਲਤੂ ਕਬਾੜ ਦਾ ਸਮਾਨ, ਪੁਰਾਣੇ ਟਾਇਰਾਂ ਆਦਿ ਨੂੰ ਛੱਤ ਥੱਲੇ ਰੱਖਣਾ ਚਾਹੀਦਾ ਹੈ, ਪਾਣੀ ਦੀਆਂ ਟੈਂਕੀਆਂ ਨੂੰ ਢੱਕ ਕੇ ਰੱਖਣਾ ਚਾਹੀਦਾ ਹੈ ਤਾਂ ਜੋ ਮੱਛਰਾਂ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ। ਡੇਂਗੂ ਤੋਂ ਬਚਣ ਲਈ ਸਭ ਤੋਂ ਵੱਧ ਕਾਰਗਰ ਹਥਿਆਰ ਇਸ ਸਬੰਧੀ ਜਾਗਰੂਕਤਾ ਹੋਣਾ ਹੈ। ਉਨ੍ਹਾਂ ਡੇਂਗੂ ਬੁਖਾਰ ਦੇ ਪਛਾਣ ਚਿੰਨ੍ਹਾਂ ਅਤੇ ਇਸ ਦੇ ਇਲਾਜ ਲਈ ਵਰਤੇ ਜਾਂਦੇ ਢੰਗਾਂ ਬਾਰੇ ਚਾਨਣਾ ਪਾਇਆ ਅਤੇ ਕਿਹਾ ਕਿ ਡੇਂਗੂ ਬੁਖਾਰ ਏਡੀਜ਼ ਅਜੀਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਜੋ ਕਿ ਸਾਫ਼ ਅਤੇ ਖੜੇ ਪਾਣੀ ਵਿੱਚ ਹੁੰਦਾ ਹੈ। ਇਸ ਲਈ ਸਾਨੂੰ ਕਿਤੇ ਵੀ ਖੁੱਲ੍ਹੇ ਵਿੱਚ ਸਾਫ਼ ਪਾਣੀ ਖੜ੍ਹਾ ਨਹੀਂ ਰਹਿਣ ਦੇਣਾ ਚਾਹੀਦਾ ਕਿਉਂਕਿ ਇਹ ਮੱਛਰ ਖੜੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ ਅਤੇ ਇਹ ਮੱਛਰ ਸਵੇਰ ਵੇਲੇ ਕੱਟਦਾ ਹੈ। ਉਨ੍ਹਾਂ ਕਿਹਾ ਕਿ ਠੰਢ ਅਤੇ ਕਾਂਬੇ ਨਾਲ ਬੁਖਾਰ, ਤੇਜ ਬੁਖਾਰ ਅਤੇ ਸਿਰ ਦਰਦ ਹੋਣਾ, ਬੁਖਾਰ ਦੇ ਨਾਲ ਥਕਾਵਟ ਤੇ ਕਮਜੋਰੀ ਹੋਣਾ ਅਤੇ ਸਰੀਰ ਨੂੰ ਪਸੀਨਾ ਆਉਣਾ ਮਲੇਰੀਆ ਬੁਖਾਰ ਹੋਣ ਦੇ ਲੱਛਣ ਹੋ ਸਕਦੇ ਹਨ। ਉਨ੍ਹਾਂ ਨੇ ਕਿਹਾ ਕਿ ਕੱਪੜੇ ਅਜਿਹੇ ਪਹਿਨੋ ਕਿ ਸਰੀਰ ਪੂਰੀ ਤਰਾਂ ਢੱਕਿਆ ਰਹੇ ਤਾਂ ਕਿ ਮੱਛਰ ਕੱਟ ਨਾ ਸਕੇ। ਸੌਣ ਸਮੇਂ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਆਦਿ ਦਾ ਇਸਤੇਮਾਲ ਕਰੋ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਸਾਡੀ ਸਭ ਦੀ ਜਿੰਮੇਵਾਰੀ ਹੈ ਕਿ ਹਫਤੇ ਦੇ ਹਰ ਸ਼ੁੱਕਰਵਾਰ ਨੂੰ ਕੂਲਰਾਂ, ਗਮਲਿਆਂ, ਫਰਿਜਾਂ ਦੀਆਂ ਟਰੇਅਾਂ ਆਦਿ ਨੂੰ ਸਾਫ ਕਰਕੇ ਸੁਕਾਉ। ਇਸ ਮੌਕੇ ਸਿਹਤ ਕਰਮਚਾਰੀ ਜਗਤਾਰ ਸਿੰਘ, ਕੰਵਲਜੀਤ ਸਿੰਘ ਅਤੇ ਕੁੰਦਨ ਕੁਮਾਰ ਤੋਂ ਇਲਾਵਾ ਹਰਪਾਲ ਸਿੰਘ, ਸੁਖਵਿੰਦਰ ਸਿੰਘ ਅਤੇ ਗੁਰਜੰਟ ਸਿੰਘ ਸਮੇਤ ਸਮੂਹ ਮਜ਼ਦੂਰ ਵੀ ਹਾਜ਼ਰ ਸਨ।

ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੇ ਮੱਦੇਨਜਰ ਐਸ.ਐਸ.ਪੀ. ਨੇ ਪੁਲਿਸ ਫੋਰਸ ਨੂੰ ਡਿਊਟੀਆਂ ਸਬੰਧੀ ਕੀਤਾ ਬਰੀਫ

ਚੋਣਾਂ ਅਮਨ-ਸ਼ਾਂਤੀ ਨਾਲ ਨੇਪਰੇ ਚਾੜ੍ਹਨ ਲਈ ਪੁਲਿਸ ਵੱਲੋਂ ਕੜੇ ਸੁਰੱਖਿਆ ਪ੍ਰਬੰਧ : ਐਸ.ਐਸ.ਪੀ

ਵਰਲਡ ਪੰਜਾਬੀ ਟਾਈਮਜ਼
ਟਿੱਕੂ ਕੁਮਾਰ

ਕੋਟਕਪੂਰਾ, 13 ਦਸੰਬਰ : ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਸਬੰਧੀ ਫਰੀਦਕੋਟ ਪੁਲਿਸ ਵੱਲੋਂ ਸੁਰੱਖਿਆ ਪੱਖੋ ਤਿਆਰੀਆਂ ਪੂਰੀ ਤਰ੍ਹਾਂ ਮੁਕੰਮਲ ਕੀਤੀਆਂ ਗਈਆਂ ਹਨ। ਜਿਸ ਸਬੰਧੀ ਅੱਜ ਡਾ. ਪ੍ਰਗਿਆ ਜੈਨ ਐਸ.ਐਸ.ਪੀ. ਫਰੀਦਕੋਟ ਵੱਲੋ ਪੁਲਿਸ ਲਾਈਨ ਵਿਖੇ ਪੁਲਿਸ ਫੋਰਸ ਅਤੇ ਪੈਟਰੋਲਿੰਗ ਪਾਰਟੀਆਂ ਦੀ ਬਰੀਫਿੰਗ ਕੀਤੀ ਗਈ। ਇਸ ਬਰੀਫਿੰਗ ਦੌਰਾਨ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਬਣਾਈ ਰੱਖਣ, ਚੁਣਾਵੀ ਸੁਰੱਖਿਆ, ਲਗਾਤਾਰ ਚੌਕਸ ਗਸ਼ਤ, ਤੁਰਤ ਪ੍ਰਤੀਕਿਰਿਆ ਪ੍ਰਣਾਲੀ ਅਤੇ ਆਦਰਸ਼ ਚੋਣ ਜ਼ਾਬਤੇ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ, ਤਾਂ ਜੋ ਚੋਣ ਪ੍ਰਕਿਰਿਆ ਸ਼ਾਂਤੀਪੂਰਨ, ਸੁਤੰਤਰ ਅਤੇ ਨਿਰਪੱਖ ਢੰਗ ਨਾਲ ਸੰਪੰਨ ਹੋ ਸਕੇ। ਇਸ ਮੌਕੇ ਐਸ.ਐਸ.ਪੀ. ਵੱਲੋਂ ਅਧਿਕਾਰੀਆਂ, ਪੁਲਿਸ ਕਰਮਚਾਰੀਆਂ ਅਤੇ ਗਸ਼ਤ ਪਾਰਟੀਆਂ ਦੇ ਇੰਚਾਰਜਾਂ ਨੂੰ ਲਗਾਤਾਰ ਸਖਤ ਨਿਗਰਾਨੀ ਸਬੰਧੀ ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਚੋਣਾਂ ਨੂੰ ਪੂਰੀ ਤਰ੍ਹਾਂ ਅਮਨ-ਸ਼ਾਂਤੀ ਨਾਲ ਨੇਪਰੇ ਚਾੜ੍ਹਨ ਲਈ ਫਰੀਦਕੋਟ ਪੁਲਿਸ ਵੱਲੋਂ ਕੜੇ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਹਰ ਵੋਟਰ ਬਿਨਾਂ ਕਿਸੇ ਡਰ ਦੇ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰ ਸਕਣ। ਉਨ੍ਹਾਂ ਕਿਹਾ ਕਿ ਬੁਥਾ ਪਰ ਪੁਲਿਸ ਫੋਰਸ ਤਾਇਨਾਤ ਕਰਨ ਦੇ ਨਾਲ-ਨਾਲ 25 ਪੈਟਰੋਲਿੰਗ ਪਾਰਟੀਆ ਵੀ ਬਣਾਈਆਂ ਗਈਆਂ ਹਨ, ਜਿੰਨਾ ਵੱਲੋਂ ਆਪਣੇ ਏਰੀਆਂ ਵਿੱਚ ਲਗਾਤਾਰ ਨਿਗਰਾਨੀ ਰੱਖੀ ਜਾਵੇਗੀ। ਇਸ ਦੇ ਨਾਲ ਹੀ ਜ਼ਿਲ੍ਹੇ ਦੇ ਸੰਵੇਦਨਸ਼ੀਲ ਪਿੰਡਾਂ ਵਿੱਚ ਪੁਲਿਸ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਅਤੇ ਗਹਿਰੀ ਨਿਗਰਾਨੀ ਰੱਖੀ ਜਾ ਰਹੀ ਹੈ। ਇਨ੍ਹਾਂ ਖੇਤਰਾਂ ਵਿੱਚ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਕਿਸੇ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਪੁਲਿਸ ਨਿਰਪੱਖ ਚੋਣਾਂ ਕਰਵਾਉਣ ਦੀ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ ਨਾਲ ਨਿਭਾਏਗੀ। ਡਾ. ਪ੍ਰਗਿਆ ਜੈਨ ਨੇ ਵੋਟਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਬਿਨਾਂ ਕਿਸੇ ਡਰ, ਦਬਾਅ ਜਾਂ ਲਾਲਚ ਤੋਂ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕਿਸੇ ਵੀ ਪਿੰਡ ਵਿੱਚ ਨਸ਼ੇ ਜਾਂ ਕਿਸੇ ਹੋਰ ਤਰ੍ਹਾਂ ਦੇ ਲਾਲਚ ਦੇ ਕੇ ਵੋਟਰਾਂ ਨੂੰ ਪ੍ਰਭਾਵਿਤ ਕਰਨ ਦੀ ਸ਼ਿਕਾਇਤ ਮਿਲੀ ਤਾਂ ਉਸ 'ਤੇ ਤੁਰਤ ਅਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

"ਦਾਤੀਆਂ ਕਲਮਾਂ ਅਤੇ ਹਥੌੜੇ, ਕੱਠੇ ਕਰ ਲਉ ਸੰਦ ਓ ਯਾਰ" ਨਾਲ ਪ੍ਰੋ. ਮੋਹਨ ਸਿੰਘ ਦਾ ਸੁਪਨਾ ਪੂਰਾ ਕਰੋ— ਰਵਿੰਦਰ ਸਹਿਰਾਅ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 13 ਦਸੰਬਰ : ਇੰਡੀਆਨਾ(ਅਮਰੀਕਾ) ਵੱਸਦੇ ਪੰਜਾਬੀ ਸ਼ਾਇਰ ਰਵਿੰਦਰ ਸਹਿਰਾਅ ਤੇ ਉਸ ਦੀ ਜੀਵਨ ਸਾਥਣ ਨੀਰੂ ਸਹਿਰਾਅ ਅੱਜ ਸ਼ਹੀਦ ਭਗਤ ਸਿੰਘ ਨਗਰ ਲੁਧਿਆਣਾ ਵਿਖੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨਾਲ ਮੁਲਾਕਾਤ ਕਰਦਿਆਂ ਕਿਹਾ ਹੈ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਕਿਰਤੀਆਂ, ਕਿਸਾਨਾਂ ਤੇ ਮਜ਼ਦੂਰਾਂ ਨਾਲ ਸਿੱਖਿਆ ਸ਼ਾਸਤਰੀਆਂ, ਅਰਥ ਸ਼ਾਸਤਰੀਆਂ ਤੇ ਸਾਹਿੱਤਕ ਕਲਮਕਾਰਾਂ ਨੂੰ ਯੋਗ ਅਗਵਾਈ ਦੇਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਜਥੇਬੰਦਕ ਰੂਪ ਵਿੱਚ ਸਾਡੀਆਂ ਸੰਸਥਾਵਾਂ ਨੂੰ ਵੀ ਆਪਸ ਵਿੱਚ ਸਿਰ ਜੋੜ ਕੇ ਸਰਬਪੱਖੀ ਸਮਾਜਕ, ਰਾਜਨੀਤਕ ਤੇ ਆਰਥਿਕ ਵਿਕਾਸ ਲਈ ਸਿਰ ਜੋੜਨ ਦੀ ਲੋੜ ਹੈ। ਪ੍ਰੋ. ਮੋਹਨ ਸਿੰਘ ਦੀ ਗ਼ਜ਼ਲ ਦੇ ਸ਼ਿਅਰ" ਦਾਤੀਆਂ, ਕਲਮਾਂ ਏਯਅਤੇ ਹਥੌੜੇ, ਕੱਠੇ ਕਰ ਲਉ ਸੰਦ ਓ ਯਾਰ। ਤੱਕੜੀ ਇੱਕ ਤ੍ਰਿਸ਼ੂਲ ਬਣਾਉ, ਖੁੱਧ ਕਰੋ ਪ੍ਰਚੰਡ ਓ ਯਾਰ" ਦੇ ਹਵਾਲੇ ਨਾਲ ਉਨ੍ਹਾਂ ਕਿਹਾ ਕਿ ਵਿਸ਼ਵ ਦੀਆਂ ਵੱਡੀਆਂ ਲੋਕ ਲਹਿਰਾਂ ਦੀ ਅਗਵਾਈ ਹਮੇਸ਼ਾਂ ਕਲਮਕਾਰਾਂ ਨੇ ਕੀਤੀ ਹੈ। ਤੁਸੀਂ ਵੀ ਹੰਭਲਾ ਮਾਰੋ।

ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਪੰਜਾਬੀ ਸਾਹਿੱਤ ਦੇ ਵੱਖ ਵੱਖ ਪਹਿਲੂਆਂ ਬਾਰੇ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਕਿ ਸਾਡੇ ਲੇਖਕ ਸਮਾਜ ਦੀ ਨਬਜ਼ ਨੂੰ ਫੜਨ ਦੀ ਥਾਂ ਪ੍ਰਦੇਸੀ ਸਿਧਾਂਤਕਾਰਾਂ ਤੋਂ ਸੇਧ ਲੈ ਰਹੇ ਹਨ। ਇਸੇ ਕਰਕੇ ਹੌਲੀ ਹੌਲੀ ਸਾਡਾ ਸਾਹਿੱਤਕ ਮਾਹੌਲ ਵੀ ਪੇਤਲੇਪਣ ਵੱਲ ਵਧ ਰਿਹਾ ਹੈ। ਅਸੀਂ ਕੋਸ਼ਿਸ਼ ਕਰਾਂਗੇ ਕਿ ਬਦੇਸ਼ ਵੱਸਦੇ ਲੇਖਕਾਂ ਦੀਆਂ ਉਮੀਦਾਂ ਤੇ ਪੂਰੇ ਉੱਤਰ ਸਕੀਏ।

ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਪਿਛਲੇ 50 ਸਾਲਾਂ ਦੌਰਾਨ ਲਿਖੀਆਂ ਗ਼ਜ਼ਲ ਦੀਆਂ ਅੱਠ ਪੁਸਤਕਾਂ ਦਾ ਇੱਕ ਜਿਲਦ ਵਿੱਚ ਸੰਪੂਰਨ ਗ਼ਜ਼ਲ ਸੰਗ੍ਰਹਿ "ਅੱਖਰ ਅੱਖਰ" ਤੇ ਕਾਵਿ ਸੰਗ੍ਰਹਿ "ਤਾਰਿਆਂ ਦੀ ਗੁਜ਼ਰਗਾਹ ਤੋਂ ਇਲਾਵਾ ਕੁਝ ਹੋਰ ਕਿਤਾਬਾਂ ਰਵਿੰਦਰ ਸਹਿਰਾਅ ਤੇ ਨੀਰੂ ਸਹਿਰਾਅ ਦੀਪਤੀ ਨੂੰ ਭੇਂਟ ਕੀਤੀਆਂ।

ਚੌਪਾਲ ਓ.ਟੀ.ਟੀ ਤੇ ਆਪਣਾ ਜਲਵਾ ਦਿਖਾਉਣ ਆ ਰਹੀ ਹੈ , ਫੁੱਲ ਕਮੇਡੀ ਨਾਲ "ਤੈਨੂੰ ਸੂਟ ਸੂਟ ਕਰਦਾ" ਮੂਵੀ

ਵਰਲਡ ਪੰਜਾਬੀ ਟਾਈਮਜ਼
ਸਿਵਨਾਥ ਦਰਦੀ ਫ਼ਰੀਦਕੋਟ

ਪੰਜਾਬੀ ਸਿਨੇਮਾ ਜਗਤ ਵਿਚ ਖੂਬਸੂਰਤ ਦਮਦਾਰ ਫੁੱਲ ਕਮੇਡੀ ਨਾਲ ਆਪਣਾ ਰੰਗ ਬਿਖੇਰਨ ਆ ਰਹੀ ਹੈ , ਪ੍ਰੋਡਿਊਸਰ ਰਾਜੀਵ ਸਿੰਗਲਾ ਦੀ ਪ੍ਰੋਡਕਸ਼ਨ ਵੱਲੋ ਤੇ ਲੇਖਕ ਗੁਰਮੀਤ ਠਠੂਰ ਦੀ ਲਿਖਤ " ਤੈਨੂੰ ਸੂਟ ਸੂਟ ਕਰਦਾ" ਪੰਜਾਬੀ ਮੂਵੀ ਚੌਪਾਲ ਓ.ਟੀ.ਟੀ ਤੇ 14 ਦਿਸੰਬਰ ਦਿਨ ਐਤਵਾਰ ਨੂੰ ਵੱਡੇ ਪੱਧਰ ਤੇ ਰੀਲੀਜ਼ ਹੋਣ ਜਾ ਰਹੀ।

ਇਸ ਪੰਜਾਬੀ ਮੂਵੀ 'ਚ ਸਿਨੇਮਾ ਦੇ ਮੰਝੇ ਅਦਾਕਾਰ ਬਲਜਿੰਦਰ ਕੌਰ, ਪੂਨਮ ਸੂ